# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 12 ਮਾਰਚ 2026 ਦਿਨ ਵੀਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੀ.ਏ.ਯੂ. ਦੇ ਖੇਤੀਬਾੜੀ ਕਾਲਜ ਨੇ ਮਾਨਸਿਕ ਸਿਹਤ ਬਾਰੇ ਵਿਸ਼ੇਸ਼ ਭਾਸ਼ਣ ਕਰਵਾਇਆ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 12 ਮਾਰਚ : ਬੀਤੇ ਦਿਨੀਂ ਪੀ.ਏ.ਯੂ. ਦੇ ਖੇਤੀਬਾੜੀ ਕਾਲਜ ਦੇ ਪਾਲ ਆਡੀਟੋਰੀਅਮ ਵਿਚ ਮਾਨਸਿਕ ਸਿਹਤ ਬਾਰੇ ਇਕ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ| ਇਸ ਭਾਸ਼ਣ ਨੂੰ ਦੇਣ ਲਈ ਡਾ. ਗੁਰਪ੍ਰਤਾਪ ਸਿੰਘ ਸੰਧੂ, ਐੱਮ ਡੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ| ਡਾ. ਸੰਧੂ ਨੇ ਮਾਨਸਿਕ ਸਿਹਤ ਨਾਲ ਸੰਬੰਧਿਤ ਵੱਖ-ਵੱਖ ਮੁੱਦਿਆਂ ਤੋਂ ਇਲਾਵਾ ਮਾਨਸਿਕ ਬਿਮਾਰੀਆਂ ਅਤੇ ਇਹਨਾਂ ਉੱਪਰ ਕਾਬੂ ਪਾਉਣ ਦੇ ਤਰੀਕੇ ਭਾਸ਼ਣ ਦੌਰਾਨ ਸਾਂਝੇ ਕੀਤੇ| ਉਹਨਾਂ ਨੇ ਚੰਗੀ ਮਾਨਸਿਕ ਸਿਹਤ ਦੀਆਂ ਅਲਾਮਤਾਂ ਦਸਦਿਆਂ ਸਿਹਤਮੰਦ ਸਮਾਜ ਦੀ ਉਸਾਰੀ ਲਈ ਮਾਨਸਿਕ ਸਿਹਤ ਅਤੇ ਤੰਦਰੁਸਤੀ ਦੀ ਮਹੱਤਤਾ ਦ੍ਰਿੜ ਕਰਵਾਈ| ਇਸ ਤੋਂ ਇਲਾਵਾ ਡਾ. ਸੰਧੂ ਨੇ ਜ਼ਿੰਦਗੀ ਦੇ ਵੱਖ-ਵੱਖ ਪੜਾਵਾਂ ਜਿਵੇਂ ਬਚਪਨ ਤੋਂ ਬਾਲਗ ਅਤੇ ਬੁਢਾਪੇ ਤੱਕ ਮਾਨਸਿਕ ਸਿਹਤ ਸੰਬੰਧੀ ਮਿਸਾਲਾਂ ਦੇ ਕੇ ਵਿਸਥਾਰ ਨਾਲ ਸਮਝਾਇਆ| ਉਹਨਾਂ ਦੱਸਿਆ ਕਿ ਮਾਨਸਿਕ ਵਿਕਾਰਾਂ ਅਤੇ ਵਿਸ਼ਾਦਾਂ ਨਾਲ ਨਜਿੱਠਣ ਦੇ ਕੀ ਤਰੀਕੇ ਹੋ ਸਕਦੇ ਹਨ|




ਸਵਾਗਤ ਦੇ ਸ਼ਬਦ ਬੋਲਦਿਆਂ ਖੇਤਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਨੇ ਅੱਜ ਦੇ ਤਨਾਅ ਭਰੇ ਸਮੇਂ ਵਿਚ ਚੰਗੀ ਮਾਨਸਿਕ ਸਿਹ ਲਈ ਅਜਿਹੇ ਭਾਸ਼ਣਾਂ ਨੂੰ ਰਾਹ ਦਿਖਾਉਣ ਵਾਲੇ ਕਿਹਾ| ਉਹਨਾਂ ਕਿਹਾ ਕਿ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਦਿਆਂ ਤਨਾਅ ਅਤੇ ਖਿੱਝਾਂ ਤੋਂ ਮੁਕਤੀ ਪਾਉਣ ਲਈ ਅਜਿਹੇ ਭਾਸ਼ਣ ਨਾ ਸਿਰਫ ਮਾਹਿਰਾਂ ਬਲਕਿ ਵਿਦਿਆਰਥੀਆਂ ਵਾਸਤੇ ਵੀ ਸਹਾਈ ਸਿੱਧ ਹੋਣਗੇ|

ਡਾ. ਪੰਕਜ ਕੁਮਾਰ ਨੇ ਅੰਤ ਵਿਚ ਸਭ ਦਾ ਧੰਨਵਾਦ ਕੀਤਾ| ਇਸ ਵਿਸ਼ੇਸ਼ ਭਾਸ਼ਣ ਨੂੰ ਸੁਣਨ ਲਈ 500 ਦੇ ਕਰੀਬ ਵਿਦਿਆਰਥੀ, ਅਧਿਆਪਕ ਅਤੇ ਕਰਮਚਾਰੀ ਮੌਜੂਦ ਸਨ|

## “ਆਪਣਾ ਕਾਰੋਬਾਰ, ਆਪਣੀ ਪਹਿਚਾਣ” ਤਹਿਤ 100 ਮਹਿਲਾ ਉੱਦਮੀਆਂ ਨੂੰ ਕੀਤਾ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼

ਫ਼ਰੀਦਕੋਟ, 12 ਮਾਰਚ : ਅੰਤਰ ਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਅਧੀਨ ਚੱਲ ਰਹੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਵੱਲੋਂ ਜ਼ਿਲ੍ਹਾ ਫ਼ਰੀਦਕੋਟ ਵਿੱਚ “ਆਪਣਾ ਕਾਰੋਬਾਰ, ਆਪਣੀ ਪਹਿਚਾਣ” ਮੁਹਿੰਮ ਤਹਿਤ “ਪੰਜਾਬ ਸਰਕਾਰ ਮਹਿਲਾ ਉੱਦਮੀ ਸਨਮਾਨ–2026” ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਪੇਂਡੂ ਖੇਤਰਾਂ ਵਿੱਚ ਵੱਖ-ਵੱਖ ਕਾਰੋਬਾਰਾਂ ਰਾਹੀਂ ਆਪਣੀ ਵੱਖਰੀ ਪਹਿਚਾਣ ਬਣਾਉਣ ਵਾਲੀਆਂ 100 ਮਹਿਲਾ ਉੱਦਮੀਆਂ ਨੂੰ ਜ਼ਿਲ੍ਹਾ ਪੱਧਰ ‘ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ, ਐਸ.ਐਸ.ਪੀ. ਡਾ. ਪ੍ਰੱਗਿਆ ਜੈਨ, ਵਧੀਕ ਡਿਪਟੀ ਕਮਿਸ਼ਮਨਰ (ਜ) ਸ੍ਰੀ ਸੰਦੀਪ ਮਲਹੋਤਰਾ, ਚੇਅਰਮੈਨ ਜਿਲ੍ਹਾ ਇੰਮਪਰੂਵਮੈਂਟ ਟਰੱਸਟ ਸ. ਗੁਰਤੇਜ ਸਿੰਘ ਖੋਸਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੋ ਔਰਤਾਂ ਆਪਣਾ ਕੰਮ ਚਲਾ ਰਹੀਆਂ ਹਨ ਉਨ੍ਹਾਂ ਦੀ ਪਹਿਚਾਣ ਨੂੰ ਸਨਮਾਨਿਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਇਹ ਪ੍ਰੋਗਰਾਮ ਉਲੀਕਿਆਂ ਗਿਆ ਹੈ। ਉਨ੍ਹਾਂ ਕਿਹਾ ਕਿ ਹਰ ਵਰਗ ਵਿੱਚ ਕੋਈ ਨਾ ਕੋਈ ਕੰਮ ਕਰਕੇ ਆਪਣੀ ਪਹਿਚਾਣ ਬਣਾ ਰਿਹਾ ਹੈ, ਕੋਈ ਖੇਡਾਂ ਵਿੱਚ ਨਾਮ ਕਮਾ ਰਿਹਾ ਹੈ, ਕੋਈ ਪੜਾਈ ਕਰਕੇ ਬਣਾ ਲੈਂਦਾ ਹੈ ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਰਹਿੰਦੀਆਂ ਔਰਤਾਂ ਨੇ ਸੈਲਫ ਹੈਲਪ ਗਰੁੱਪ ਬਣਾ ਕੇ ਆਪਣੀ ਪਹਿਚਾਣ ਬਣਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਪ੍ਰੋਗਰਾਮ ਕਰਵਾਉਣ ਦਾ ਮੰਤਵ ਹੀ ਇਹ ਹੈ ਕਿ ਇਨ੍ਹਾਂ ਉੱਦਮੀ ਔਰਤਾਂ ਨੂੰ ਦੇਖ ਕੇ ਹੋਰ ਔਰਤਾਂ ਅੱਗੇ ਆਉਣ ਅਤੇ ਆਪਣਾ ਨਾਮ ਕਮਾਉਣ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ ‘ਤੇ ਮਜ਼ਬੂਤ ਅਤੇ ਆਤਮਨਿਰਭਰ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਗਰਾਮ ਚਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਉਦਯੋਗਸ਼ੀਲਤਾ ਪੇਂਡੂ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ ਅਤੇ ਮਹਿਲਾਵਾਂ ਵੱਲੋਂ ਸ਼ੁਰੂ ਕੀਤੇ ਉੱਦਮ ਹੋਰਾਂ ਲਈ ਵੀ ਪ੍ਰੇਰਣਾ ਬਣ ਰਹੇ ਹਨ। ਇਸ ਮੌਕੇ ਉਨ੍ਹਾਂ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਪਿੱਛੇ ਨਾ ਰਹਿਣ ਦੇਣ ਅਤੇ ਵੱਧ ਤੋਂ ਵੱਧ ਉਨ੍ਹਾਂ ਨੂੰ ਪੜ੍ਹਾਉਣ। ਇਸ ਮੌਕੇ ਐਸ.ਐਸ.ਪੀ. ਡਾ. ਪ੍ਰੱਗਿਆ ਜੈਨ ਕੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਔਰਤਾਂ ਮਰਦਾਂ ਦੇ ਮੋਢੇ ਦੇ ਨਾਲ ਮੋਢਾ ਜੋੜ ਕੇ ਖੜ੍ਹੀਆਂ ਹਨ ਅਤੇ ਆਪਣਾ ਨਾਮ ਕਮਾ ਰਹੀਆਂ ਹਨ। ਉਨ੍ਹਾਂ ਔਰਤਾਂ ਦੀ ਹੌਂਸਲਾ ਅਫਜਾਈ ਕਰਦਿਆਂ ਉਨ੍ਹਾਂ ਨੂੰ ਹੋਰ ਅੱਗੇ ਵੱਧਣ ਅਤੇ ਸਮਾਜ ਵਿੱਚ ਮੋਹਰੀ ਕਤਾਰ ਵਿੱਚ ਆ ਕੇ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ।




ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸ. ਗੁਰਤੇਜ ਸਿੰਘ ਨੇ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੇ ਆਪਣੇ ਹੁਨਰ ਅਤੇ ਮਿਹਨਤ ਦੇ ਬਲ ‘ਤੇ ਵੱਖ-ਵੱਖ ਖੇਤਰਾਂ ਵਿੱਚ ਕਾਮਯਾਬੀ ਹਾਸਲ ਕੀਤੀ ਹੈ ਅਤੇ ਉਹ ਨਾ ਸਿਰਫ਼ ਆਪਣੇ ਪਰਿਵਾਰਾਂ ਦੀ ਆਰਥਿਕ ਹਾਲਤ ਨੂੰ ਮਜ਼ਬੂਤ ਕਰ ਰਹੀਆਂ ਹਨ ਸਗੋਂ ਹੋਰ ਮਹਿਲਾਵਾਂ ਲਈ ਵੀ ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਨੇ ਆਪਣੀ ਮਿਹਨਤ ਨਾਲ ਜੋ ਸਮਾਜ ਵਿੱਚ ਜੋ ਬਰਾਬਰੀ ਦਾ ਦਰਜਾ ਪ੍ਰਾਪਤ ਕੀਤਾ ਹੈ ਉਹ ਲਾਮਿਸਾਲ ਹੈ। ਉਨ੍ਹਾਂ ਕਿਹਾ ਕਿ ਔਰਤਾਂ ਹਰ ਖੇਤਰ ਵਿੱਚ ਹੁਣ ਮਰਦਾਂ ਦਾ ਮੁਕਾਬਲਾ ਕਰ ਰਹੀਆਂ ਹਨ। ਉਨ੍ਹਾਂ ਨੇ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਲੈ ਕੇ ਆਪਣੇ ਕਾਰੋਬਾਰਾਂ ਨੂੰ ਹੋਰ ਵਿਸਥਾਰ ਦੇਣ। ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੰਦੀਪ ਮਲਹੋਤਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਸਮਾਗਮ ਪੰਜਾਬ ਸਰਕਾਰ ਦਾ ਵਿਸ਼ੇਸ਼ ਉਪਰਾਲਾ ਹੈ ਕਿ ਸਾਡੀਆਂ ਮਾਵਾਂ, ਧੀਆਂ ਘਰ ਦੀ ਚਾਰਦੀਵਾਰੀ ਤੋਂ ਬਾਹਰ ਉਨ੍ਹਾਂ ਨੂੰ ਉੱਡਣ ਦਾ ਮੌਕਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸੈਲਫ ਹੈਲਪ ਗੁਰੱਪ ਸੁਣਨ ਨੂੰ ਛੋਟਾ ਲੱਗਦਾ ਹੈ ਪਰ ਇਹ ਇੱਕ ਬਹੁਤ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਔਰਤਾਂ ਨੇ ਆਪਣਾ ਕੰਮ ਚਲਾ ਕੇ ਸਮਾਜ ਵਿੱਚ ਉੱਚਾ ਦਰਜਾ ਹਾਸਲ ਕੀਤਾ ਹੈ। ਇਸ ਮੌਕੇ ਬੀਬਾ ਬੇਅੰਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉੱਦਮੀ ਮਹਿਲਾਵਾਂ ਦਾ ਸਨਮਾਨ ਪ੍ਰੋਗਰਾਮ ਬਹੁਤ ਹੀ ਸ਼ਲਾਘਯੋਗ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਹਲਕਾ ਵਾਈਜ਼ ਔਰਤਾਂ ਨੂੰ ਸਨਮਾਨਿਤ ਕੀਤਾ ਜਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਹਰ ਔਰਤ ਨੂੰ ਆਪਣੀ ਪਹਿਚਾਣ ਬਣਾਉਣਾ ਬਹੁਤ ਜਰੂਰੀ ਹੀ ਹੈ। ਉਨ੍ਹਾਂ ਕਿਹਾ ਕਿ ਔਰਤਾਂ ਨੇ ਕੰਮ ਨਾ ਕਰਕੇ ਕੇਵਲ ਆਪਣੀ ਪਹਿਚਾਣ ਹੀ ਨਹੀਂ ਬਣਾਈ ਸਗੋਂ ਆਪਣਾ ਪਰਿਵਾਰ ਵੀ ਪਾਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਜ਼ਰੂਰੀ ਨਹੀਂ ਕਿ ਘਰ ਦੇ ਬਾਹਰ ਜਾ ਕੇ ਹੀ ਆਪਣੀ ਪਹਿਚਾਣ ਬਣਾਈ ਜਾ ਸਕੇ ਬਲਕਿ ਘਰ ਦੇ ਅੰਦਰ ਹੀ ਬੈਠ ਕੇ ਕੰਮ ਕਰਕੇ ਆਪਣੀ ਪਹਿਚਾਣ ਬਣਾਈ ਜਾ ਸਕਦੀ ਹੈ।

ਇਸ ਮੌਕੇ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਕਿਹਾ ਕਿ ਕਿਰਤੀ ਔਰਤਾਂ ਨੂੰ ਸਨਮਾਨਿਤ ਕਰਨ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹਨ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਸਕੀਮ ਸਬੰਧੀ ਵੀ ਜਾਣਕਾਰੀ ਦਿੱਤੀ। ਇਸ ਮੌਕੇ ਮੈਡਮ ਮਨਪ੍ਰੀਤ ਕੌਰ ਨੇ ਕਿਹਾ ਕਿ ਪੁਰਾਣੇ ਸਮੇਂ ਵਿੱਚ ਔਰਤਾਂ ਨੂੰ ਜਿਆਦਾ ਚੁੱਲ੍ਹੇ ਚੌਂਕੇ ਦੇ ਕੰਮ ਕਰਵਾਏ ਜਾਂਦੇ ਸਨ ਅਤੇ ਉਨ੍ਹਾਂ ਦੇ ਸਾਧਨ ਸੀਮਤ ਸਨ ਪਰ ਅੱਜ ਔਰਤ ਕਿਸੇ ਨਾਲੋਂ ਵੀ ਘੱਟ ਨਹੀਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਿੰਡਾਂ ਵਿੱਚ ਆਪਣਾ ਕਾਰੋਬਾਰ ਕਰਨ ਵਾਲੀਆਂ ਔਰਤਾਂ ਨੂੰ ਸਨਮਾਨ ਦੇਣ ਲਈ ਕੀਤਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਸਮੇਂ ਸਮੇਂ ਤੇ ਕਰਵਾਏ ਜਾਣੇ ਯਕੀਨੀ ਬਣਾਏ ਜਾਣ ਤਾਂ ਜੋ ਹੋਰਨਾਂ ਔਰਤਾਂ ਵਿੱਚ ਕੰਮ ਕਰਨ ਦੀ ਹੋਰ ਪ੍ਰੇਰਨਾ ਪੈਦਾ ਹੋਵੇ।

ਸਮਾਗਮ ਦੌਰਾਨ ਮਹਿਲਾ ਉੱਦਮੀਆਂ ਨੇ ਆਪਣੇ ਤਜਰਬੇ ਵੀ ਸਾਂਝੇ ਕੀਤੇ ਅਤੇ ਕਿਹਾ ਕਿ ਪੰਜਾਬ ਸਰਕਾਰ ਅਤੇ ਮਿਸ਼ਨ ਦੀ ਸਹਾਇਤਾ ਨਾਲ ਉਨ੍ਹਾਂ ਨੂੰ ਆਪਣੇ ਕਾਰੋਬਾਰ ਨੂੰ ਅੱਗੇ ਵਧਾਉਣ ਲਈ ਵੱਡਾ ਹੌਂਸਲਾ ਮਿਲਿਆ ਹੈ। ਇਸ ਮੌਕੇ ਹੋਰ ਸੰਬੰਧਿਤ ਵਿਭਾਗਾਂ ਦੇ ਅਧਿਕਾਰੀ ਅਤੇ ਸਵੈ-ਸਹਾਇਤਾ ਸਮੂਹਾਂ ਨਾਲ ਸੰਬੰਧਤ ਮਹਿਲਾਵਾਂ ਵੀ ਮੌਜੂਦ ਸਨ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸ੍ਰੀ ਜਸਬੀਰ ਸਿੰਘ ਜੱਸੀ ਨੇ ਬਾਖੂਬੀ ਨਿਭਾਈ।ਇਸ ਮੌਕੇ ਸਰਬਜੀਤ ਸਿੰਘ ਬਰਾੜ ਚੇਅਰਮੈਨ ਬਲਾਕ ਸੰਮਤੀ ਫਰੀਦਕੋਟ, ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਸ. ਅਮਨਦੀਪ ਸਿੰਘ ਬਾਬਾ, ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ ਗੁਰਮੀਤ ਸਿੰਘ ਆਰੇਵਾਲਾ, ਚੇਅਰਮੈਨ ਮਾਰਕਿਟ ਕਮੇਟੀ ਜੈਤੋ ਸ. ਲਛਮਣ ਸਿੰਘ, ਲਖਵੀਰ ਸਿੰਘ ਵਾਈਸ ਚੇਅਰਮੈਨ ਬਲਾਕ ਸੰਮਤੀ ਫਰੀਦਕੋਟ, ਐਡਵੋਕੇਟ ਬੀਰਇੰਦਰ ਸਿੰਘ ਸੰਧਵਾ, ਸ. ਜਗਮੋਹਣ ਸਿੰਘ ਲੱਕੀ ਚੇਅਰਮੈਨ ਪੀ.ਏਡੀ.ਬੀ. ਬੈਂਕ, ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਐਲੀਮੈਂਟਰੀ ਮੈਡਮ ਅੰਜਨਾ ਕੌਂਸਲ, ਬੀ.ਡੀ.ਪੀ.ਓ ਫਰੀਦਕੋਟ ਸ. ਨੱਥਾ ਸਿੰਘ, ਬੀ.ਡੀ.ਪੀ.ਓ ਕੋਟਕਪੂਰਾ ਸ੍ਰੀ ਵਿਕਾਸ, ਬੀ.ਡੀ.ਪੀ.ਓ ਜੈਤੋ ਸ. ਇਕਬਾਲ ਸਿੰਘ, ਸ. ਰਮਨਦੀਪ ਸਿੰਘ ਮੁਮਾਰਾ, ਸੁਪਰਡੈਂਟ ਸ. ਪ੍ਰਭਚਰਨ ਸਿੰਘ, ਸੁਪਰਡੈਂਟ ਸ. ਮਨਪ੍ਰੀਤ ਸਿੰਘ, ਐਡਵੋਕੇਟ ਸਰਬਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੈਲਫ ਹੈਲਪ ਗਰੁੱਪ ਅਤੇ ਆਪਣਾ ਕਾਰੋਬਾਰ ਕਰਨ ਵਾਲੀਆਂ ਔਰਤਾਂ ਹਾਜ਼ਰ ਸਨ।

## ਡੀ.ਬੀ.ਈ.ਈ. ਵੱਲੋਂ ਮੈਗਾ ਰੋਜ਼ਗਾਰ ਮੇਲੇ ਦਾ ਆਯੋਜਨ 20 ਮਾਰਚ ਨੂੰ

### ਜੀ.ਐਨ.ਆਈ.ਐਮ.ਟੀ. ’ਚ ਲੱਗਣ ਵਾਲੇ ਰੋਜ਼ਗਾਰ ਮੇਲੇ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ – ਡਿਪਟੀ ਡਾਇਰੈਕਟਰ

ਲੁਧਿਆਣਾ, 12 ਮਾਰਚ : ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਜਿਲ੍ਹਾ ਰੋਜਗਾਰ ਤੇ ਕਾਰੋਬਾਰ ਬਿਊਰੋ (ਡੀ.ਬੀ.ਬੀ.ਈ.), ਲੁਧਿਆਣਾ ਵੱਲੋਂ 20 ਮਾਰਚ (ਸ਼ੁਕਰਵਾਰ) ਨੂੰ ਸਥਾਨਕ ਗੁਰੂ ਨਾਨਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ (ਜੀ.ਐਨ.ਆਈ.ਐਮ.ਟੀ.), ਮਾਡਲ ਟਾਊਨ ਵਿਖੇ ਮੈਗਾ ਰੋਜਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਇਸ ਮੈਗਾ ਰੋਜ਼ਗਾਰ ਮੇਲੇ ਦਾ ਸਮਾਂ ਸਵੇਰੇ 9.30 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਵੇਗਾ।

ਡਿਪਟੀ ਕਮਿਸ਼ਨਰ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜਗਾਰ ਮੁਹੱਈਆ ਕਰਵਾਉਣ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਇਸ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿੱਥੇ ਵੱਖ-ਵੱਖ ਨਾਮੀ ਕੰਪਨੀਆਂ ਭਾਗ ਲੈ ਰਹੀਆਂ ਹਨ।

ਡੀ.ਬੀ.ਈ.ਈ. ਦੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਉਹ ਸਾਰੇ ਪ੍ਰਾਰਥੀ ਭਾਗ ਲੈ ਸਕਦੇ ਹਨ ਜਿਨ੍ਹਾਂ ਦੀ ਯੋਗਤਾ 10ਵੀਂ, 12ਵੀਂ, ਡਿਪਲੋਮਾ, ਆਈ.ਟੀ.ਆਈ. ਗ੍ਰੈਜੂਏਟ, ਪੋਸਟ ਗ੍ਰੈਜੂਏਟ, ਬੀ.ਟੈਕ ਅਤੇ ਐਮ.ਬੀ.ਏ ਪਾਸ ਹੈ। ਚਾਹਵਾਨ ਪ੍ਰਾਰਥੀਆਂ ਲਈ ਆਪਣੀ ਅਕਾਦਮਿਕ ਯੋਗਤਾਵਾਂ ਦੇ ਅਸਲ ਸਰਟੀਫਿਕੇਟਾਂ ਸਮੇਤ ਰੀਜਿਊਮ ਦੀਆਂ 2 ਫੋਟੋ ਸਟੈਟ ਕਾਪੀਆਂ ਲੈ ਕੇ ਆਉਣੀਆਂ ਲਾਜਮੀ ਹਨ।

ਡਿਪਟੀ ਡਾਇਰੈਕਟਰ ਵੱਲੋਂ ਯੋਗ ਉਮੀਦਵਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮੌਕੇ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ। ਵਧੇਰੇ ਜਾਣਕਾਰੀ ਲਈ ਡੀ.ਬੀ.ਈ.ਈ. ਦੀ ਈ-ਮੇਲ ਆਈ.ਡੀ. dbeeludhiana@gmail.com ਰਾਹੀਂ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਵਿਧਾਇਕ ਕੋਹਲੀ ਵੱਲੋਂ 100 ਉੱਦਮੀ ਮਹਿਲਾਵਾਂ ਨੂੰ ਕੀਤਾ ਗਿਆ ਸਨਮਾਨਿਤ

### ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ: ਅਜੀਤਪਾਲ ਸਿੰਘ ਕੋਹਲੀ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 12 ਮਾਰਚ : ਕੌਮੀ ਮਹਿਲਾ ਦਿਵਸ ਦੇ ਸਬੰਧ ਵਿੱਚ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਇੱਕ ਵਿਸ਼ੇਸ਼ ਸਮਾਗਮ “ਆਪਣਾ ਕਾਰੋਬਾਰ ਆਪਣੀ ਪਹਿਚਾਣ” ਦੌਰਾਨ 100 ਉੱਦਮੀ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ। ਓਹਨਾ ਕਿਹਾ ਕਿ ਇਸ ਸਮਾਗਮ ਦਾ ਮਕਸਦ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ਉਨ੍ਹਾਂ ਦੇ ਉਪਰਾਲਿਆਂ ਨੂੰ ਸਲਾਮ ਕਰਨਾ ਅਤੇ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਬਣਾਉਣਾ ਸੀ।




ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਹਰ ਖੇਤਰ ਵਿੱਚ ਆਪਣੀ ਯੋਗਤਾ ਅਤੇ ਮਿਹਨਤ ਨਾਲ ਕਾਮਯਾਬੀ ਦੇ ਨਵੇਂ ਮਾਪਦੰਡ ਸਥਾਪਿਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਮਹਿਲਾਵਾਂ ਸਿੱਖਿਆ, ਵਪਾਰ, ਉਦਯੋਗ, ਖੇਤੀਬਾੜੀ ਅਤੇ ਸਮਾਜਿਕ ਸੇਵਾ ਸਮੇਤ ਹਰੇਕ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਅਤੇ ਆਪਣੀ ਮਿਹਨਤ ਨਾਲ ਪਰਿਵਾਰ ਅਤੇ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ ‘ਤੇ ਮਜ਼ਬੂਤ ਬਣਾਉਣ ਅਤੇ ਉਨ੍ਹਾਂ ਨੂੰ ਖੁਦਮੁਖਤਿਆਰ ਬਣਾਉਣ ਲਈ ਕਈ ਤਰ੍ਹਾਂ ਦੀਆਂ ਯੋਜਨਾਵਾਂ ਅਤੇ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਸਰਕਾਰ ਦਾ ਮੁੱਖ ਉਦੇਸ਼ ਇਹ ਹੈ ਕਿ ਮਹਿਲਾਵਾਂ ਨੂੰ ਰੋਜ਼ਗਾਰ ਅਤੇ ਸਵਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਮਾਜ ਵਿੱਚ ਇੱਕ ਮਜ਼ਬੂਤ ਪਹਿਚਾਣ ਦਿੱਤੀ ਜਾਵੇ।

ਐਸ ਡੀ ਐਮ ਸ੍ਰੀ ਗੁਰਦੇਵ ਸਿੰਘ ਧਮ ਨੇ ਕਿਹਾ ਕਿ ਅਜਿਹੇ ਸਮਾਗਮ ਮਹਿਲਾਵਾਂ ਦੇ ਹੌਂਸਲੇ ਨੂੰ ਵਧਾਉਂਦੇ ਹਨ ਅਤੇ ਹੋਰ ਮਹਿਲਾਵਾਂ ਨੂੰ ਵੀ ਅੱਗੇ ਵੱਧ ਕੇ ਆਪਣੇ ਸੁਪਨੇ ਸਾਕਾਰ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਹਮੇਸ਼ਾਂ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਦੇ ਵਿਕਾਸ ਲਈ ਵਚਨਬੱਧ ਰਹੇਗੀ।

ਸਮਾਗਮ ਦੌਰਾਨ ਸਨਮਾਨਿਤ ਕੀਤੀਆਂ ਗਈਆਂ ਮਹਿਲਾਵਾਂ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦਾ ਸਨਮਾਨ ਉਨ੍ਹਾਂ ਲਈ ਮਾਣ ਦੀ ਗੱਲ ਹੈ ਅਤੇ ਇਹ ਉਨ੍ਹਾਂ ਨੂੰ ਹੋਰ ਵਧੀਆ ਕੰਮ ਕਰਨ ਲਈ ਪ੍ਰੇਰਿਤ ਕਰੇਗਾ। ਉਨ੍ਹਾਂ ਨੇ ਸਰਕਾਰ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਪਟਿਆਲਾ ਦੇ ਐਸ ਡੀ ਐਮ ਸ੍ਰੀ ਗੁਰਦੇਵ ਸਿੰਘ ਧਮ , ਐਸ ਡੀ ਐਮ ਦਫਤਰ ਦਾ ਸਾਰਾ ਸਟਾਫ, ਜਿਲ੍ਹਾ ਇੰਚਾਰਜ ਆਰਤੀ ਗੁਪਤਾ, ਹਲਕਾ ਕੋ-ਆਰਡੀਨੇਟਰ ਰੂਬੀ ਭਾਟੀਆ, ਬਲਾਕ ਆਬਜ਼ਰਵਰ ਮੋਨਿਕਾ ਸ਼ਰਮਾ ,ਨਾਇਬ ਤਹਿਸੀਲਦਾਰ ਸ਼੍ਰੀ ਅਰਮਾਨ ਅਤੇ ਵਰੁਣ ਪਰਾਸ਼ਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਮਹਿਲਾਵਾਂ ਮੌਜੂਦ ਸਨ।

## ਜਜ਼ਬਾਤੀ ਬੰਦੇ




ਜਜ਼ਬਾਤੀ ਬੰਦੇ ਉਹ ਹੁੰਦੇ ਹਨ ਜੋ ਆਪਣੀਆਂ ਭਾਵਨਾਵਾਂ ਨੂੰ ਖੁੱਲ੍ਹ ਕੇ ਪ੍ਰਗਟ ਕਰਦੇ ਹਨ। ਉਹ ਆਪਣੇ ਦਿਲ ਦੀ ਗੱਲ ਕਹਿਣ ਤੋਂ ਝਿਜਕਦੇ ਨਹੀਂ ਹਨ ਅਤੇ ਆਪਣੀਆਂ ਭਾਵਨਾਵਾਂ ਨੂੰ ਦਬਾਉਂਦੇ ਨਹੀਂ ਹਨ।

ਜਜ਼ਬਾਤੀ ਬੰਦੇ ਦੀ ਕੁਝ ਵਿਸ਼ੇਸ਼ਤਾਵਾਂ ਹੁੰਦੀਆਂ ਹਨ:

ਉਹ ਆਪਣੀਆਂ ਭਾਵਨਾਵਾਂ ਨੂੰ ਖੁੱਲ੍ਹ ਕੇ ਪ੍ਰਗਟ ਕਰਦੇ ਹਨ।

ਉਹ ਆਪਣੇ ਦਿਲ ਦੀ ਗੱਲ ਕਹਿਣ ਤੋਂ ਝਿਜਕਦੇ ਨਹੀਂ ਹਨ।

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਉਹ ਆਪਣੀਆਂ ਭਾਵਨਾਵਾਂ ਨੂੰ ਦਬਾਉਂਦੇ ਨਹੀਂ ਹਨ।

ਉਹ ਦੂਜਿਆਂ ਦੀਆਂ ਭਾਵਨਾਵਾਂ ਨੂੰ ਸਮਝਦੇ ਹਨ।

ਉਹ ਆਪਣੀਆਂ ਗਲਤੀਆਂ ਨੂੰ ਮੰਨਣ ਤੋਂ ਝਿਜਕਦੇ ਨਹੀਂ ਹਨ।

ਜਜ਼ਬਾਤੀ ਬੰਦੇ ਦੇ ਕੁਝ ਫ਼ਾਇਦੇ ਹੁੰਦੇ ਹਨ:

ਉਹ ਆਪਣੀਆਂ ਭਾਵਨਾਵਾਂ ਨੂੰ ਸਹੀ ਢੰਗ ਨਾਲ ਪ੍ਰਗਟ ਕਰ ਸਕਦੇ ਹਨ।

ਉਹ ਦੂਜਿਆਂ ਨਾਲ ਚੰਗੇ ਸੰਬੰਧ ਬਣਾ ਸਕਦੇ ਹਨ।

ਉਹ ਆਪਣੀਆਂ ਗਲਤੀਆਂ ਤੋਂ ਸਿੱਖ ਸਕਦੇ ਹਨ।

ਉਹ ਆਪਣੇ ਆਪ ਨੂੰ ਬਿਹਤਰ ਬਣਾ ਸਕਦੇ ਹਨ।

ਹਾਲਾਂਕਿ, ਜਜ਼ਬਾਤੀ ਬੰਦੇ ਦੇ ਕੁਝ ਨੁਕਸਾਨ ਵੀ ਹੁੰਦੇ ਹਨ:

ਉਹ ਆਪਣੀਆਂ ਭਾਵਨਾਵਾਂ ਨੂੰ ਕਾਬੂ ਨਹੀਂ ਕਰ ਸਕਦੇ।

ਉਹ ਦੂਜਿਆਂ ਨੂੰ ਦੁੱਖ ਪਹੁੰਚਾ ਸਕਦੇ ਹਨ।

ਉਹ ਆਪਣੀਆਂ ਗਲਤੀਆਂ ਨੂੰ ਦੁਹਰਾ ਸਕਦੇ ਹਨ।

ਕੀ ਤੁਹਾਨੂੰ ਲੱਗਦਾ ਹੈ ਕਿ ਤੁਹਾਂ ਜਜ਼ਬਾਤੀ ਬੰਦੇ ਹੋ?